15ਵੀਂ ਵਿਧਾਨ ਸਭਾ
ਗਿਆਰਵਾਂ ਸਮਾਗਮ, 2020

**ਪੰਜਾਬ ਵਿਧਾਨ ਸਭਾ ਸਕੱਤਰੇਤ**
(ਵਿਧਾਨ ਸ਼ਾਖਾ)

**ਨੰ: 16-ਐਲ.ਏ.-2020/ 4024**

ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ, ਪੰਜਾਬ ਵੱਲੋਂ ਮਤਾ ਪ੍ਰਾਪਤ ਹੋਇਆ ਹੈ ਕਿ ਪੰਜਾਬ ਵਿਧਾਨ ਸਭਾ ਦੇ ਗਿਆਰਵੇਂ ਸਮਾਗਮ ਦੌਰਾਨ ਨਿਮਨਲਿਖਤ ਮਤਾ ਪੇਸ਼ ਕੀਤਾ ਜਾਵੇ:-

" ਇਹ ਸਦਨ ਪੰਜਾਬ ਦੀ ਮਾਤ-ਭਾਸ਼ਾ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਰਾਜ ਸਰਕਾਰ ਵਲੋਂ ਚੁੱਕੇ ਹਰ ਸਾਰਥਕ ਕਦਮ ਦਾ ਸਵਾਗਤ ਕਰਦਾ ਹੈ ਅਤੇ ਲੋਕ ਮਹੱਤਤਾ ਦੀ ਹਰ ਜਗ੍ਹਾ ਤੇ ਜਾਣਕਾਰੀ ਲਈ ਲਿਖੀਆਂ ਜਾਣ ਵਾਲੀਆਂ ਭਾਸ਼ਾਵਾਂ ਵਿਚੋਂ ਪੰਜਾਬੀ ਭਾਸ਼ਾ ਨੂੰ ਪਹਿਲਾ ਸਥਾਨ ਦੇਣ ਲਈ ਜਾਰੀ ਕੀਤੀ ਅਧਿਸੂਚਨਾ ਲਈ ਰਾਜ ਸਰਕਾਰ ਦੀ ਸ਼ਲਾਘਾ ਕਰਦਾ ਹੈ।

ਇਹ ਸਦਨ ਇਹ ਵੀ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਕਿਸੇ ਵੀ ਵਿਅਕਤੀ ਜਾਂ ਅਦਾਰੇ ਵਲੋਂ ਪੰਜਾਬੀ ਭਾਸ਼ਾ ਦੇ ਪਸਾਰ ਵਿਰੁੱਧ ਕੀਤੇ ਜਾਣ ਵਾਲੇ ਕਿਸੇ ਤਰ੍ਹਾਂ ਦੇ ਕੰਮਾਂ ਜਾਂ ਕਦਮਾਂ ਨੂੰ ਰੋਕਣ ਲਈ ਲੋੜੀਂਦੇ ਕਾਨੂੰਨ ਸਮੇਤ ਯੋਗ ਪ੍ਰਬੰਧ ਕਰੇ।

ਇਹ ਸਦਨ ਇਹ ਵੀ ਸਿਫਾਰਸ਼ ਕਰਦਾ ਹੈ ਕਿ ਰਾਜ ਸਰਕਾਰ ਰਾਜ ਦੇ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਪੰਜਾਬੀ ਭਾਸ਼ਾ ਨੂੰ ਦਸਵੀਂ ਜਮਾਤ ਤਕ ਜ਼ਰੂਰੀ ਵਿਸ਼ੇ ਵਜੋਂ ਪੜ੍ਹਾਉਣ ਲਈ ਜ਼ਰੂਰੀ ਕਦਮ ਚੁੱਕੇ।"

**ਚੰਡੀਗੜ੍ਹ:**
**27 ਫਰਵਰੀ, 2020**

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ।**

ਸੇਵਾ ਵਿਖੇ,

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ।

---

**ਨੰ: 16-ਐਲ.ਏ.-2020/ 4025 , ਮਿਤੀ ਚੰਡੀਗੜ੍ਹ, 27 ਫਰਵਰੀ, 2020**

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ;
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ, ਚੰਡੀਗੜ੍ਹ (ਚਾਰ ਵਾਧੂ ਕਾਪੀਆਂ ਸਮੇਤ); ਅਤੇ
3. ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ।

Assistant ... n Officer
Punj... abha
Chand...

ਅਧੀਨ ਸਕੱਤਰ,
ਵਾਸਤੇ ਸਕੱਤਰ।